# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

## ਮਿਤੀ :27-06-2026

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ, ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਇੱਕ ਹੋਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਉਨ੍ਹਾਂ ਦੇ ਕਬਜ਼ੇ ਵਿੱਚੋਂ, 10 ਆਧੁਨਿਕ ਪਿਸਤੌਲਾਂ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਅੰਮ੍ਰਿਤਸਰ ਵਿੱਚ ਪਿਛਲੇ ਕੁਝ ਦਿਨਾਂ ਵਿੱਚ ਇਹ ਦੂਜੀ ਅਜਿਹੀ ਬਰਾਮਦਗੀ ਏ। ਸ਼ੁੱਕਰਵਾਰ ਨੂੰ, ਨਵੀਂ ਦਿੱਲੀ ਵਿੱਚ ਰਹਿ ਰਹੇ ਇੱਕ ਅਫਗਾਨ ਨਾਗਰਿਕ ਸਮੇਤ 7 ਮੁਲਜ਼ਮਾਂ ਤੋਂ ਦੋ ਸਬ-ਮਸ਼ੀਨ Guns, ਨਸ਼ੀਲੇ ਪਦਾਰਥ ਅਤੇ ਵੱਡੀ ਗਿਣਤੀ ਵਿੱਚ ਹਵਾਲਾ money ਸਮੇਤ 10 ਆਧੁਨਿਕ ਹਥਿਆਰ ਬਰਾਮਦ ਕੀਤੇ ਗਏ ਸਨ। ਦੋਵਾਂ ਮਾਮਲਿਆਂ ਵਿੱਚ, ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ, ਵਿਦੇਸ਼ੀ ਤਸਕਰਾਂ ਦੇ ਇਸ਼ਾਰੇ'ਤੇ ਕੰਮ ਕਰ ਰਹੇ ਸਨ ਅਤੇ ਅਪਰਾਧਿਕ ਅਨਸਰਾਂ

ਨੂੰ ਅੱਗੇ ਸਪਲਾਈ ਕਰਨ ਲਈ, ਸਰਹੱਦ ਪਾਰ ਰਸਤਿਓ, ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਹਾਸਿਲ ਕਰ ਰਹੇ ਸਨ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮਾਣਾ ਵਿਖੇ ਸਟੇਡੀਅਮ ਦਾ ਨੀਂਹ ਪੱਥਰ ਰਖਿਆ. ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਕਰਨ ਲਈ ਸੂਬੇ ਭਰ ਵਿੱਚ 3,ਹਜ਼ਾਰ 100 ਸਟੇਡੀਅਮ ਬਣਾ ਰਹੀ ਏ. ਓਹਨਾਂ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਦੀ ਖੇਡਾਂ ਵਿੱਚ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ, ਨਸ਼ਿਆਂ ਦੇ ਖ਼ਾਤਮੇ ਅਤੇ ਖਿਡਾਰੀਆਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਲਈ ਤਿਆਰ ਕਰਨ ਵਾਸਤੇ ਖੇਡ ਬੁਨਿਆਦੀ ਢਾਂਚੇ ਵਿੱਚ ਬੇਮਿਸਾਲ ਨਿਵੇਸ਼ ਕਰ ਰਹੀ ਏ । ਮੁੱਖ ਮੰਤਰੀ ਨੇ ਕਿਹਾ ਕਿ, "ਇਹ ਸਟੇਡੀਅਮ 10 ਕਰੋੜ 35 ਲਖ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਨੌਂ ਏਕੜ ਪੰਚਾਇਤੀ ਜ਼ਮੀਨ 'ਤੇ ਬਣਾਇਆ ਜਾਵੇਗਾ । ਸਟੇਡੀਅਮ ਵਿੱਚ ਅੱਠ ਲੇਨਾਂ ਵਾਲਾ ਅੰਤਰਰਾਸ਼ਟਰੀ ਪੱਧਰ ਦਾ 400 ਮੀਟਰ ਦਾ ਸਿੰਥੈਟਿਕ ਅਥਲੈਟਿਕਸ ਟਰੈਕ ਹੋਵੇਗਾ । ਇਹ ਟਰੈਕ 100 ਮੀਟਰ, 200 ਮੀਟਰ ਅਤੇ 400 ਮੀਟਰ ਦੀਆਂ ਦੌੜਾਂ

ਵਰਗੇ ਅਥਲੈਟਿਕ ਮੁਕਾਬਲਿਆਂ ਦੇ ਨਾਲ-ਨਾਲ ਹੋਰ ਟਰੈਕ ਮੁਕਾਬਲਿਆਂ ਦੀ ਮੇਜ਼ਬਾਨੀ ਲਈ ਢੁਕਵਾਂ ਹੋਵੇਗਾ। ਨਸ਼ਿਆਂ ਵਿਰੁੱਧ ਲੜਾਈ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਨੂੰ ਸਭ ਤੋਂ ਮਜ਼ਬੂਤ ਹਥਿਆਰ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, "ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਨਸ਼ਿਆਂ ਵਿਰੁੱਧ ਸੂਬਾ ਸਰਕਾਰ ਦੀ ਮੁਹਿੰਮ ਵਿੱਚ ਸਭ ਤੋਂ ਕਾਰਗਰ ਸਾਧਨ ਹੋ ਸਕਦਾ ਏ।

---------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬਠਿੰਡਾ ਵਿਖੇ ਸੂਬੇ ਦੀ ਪਹਿਲੀ ਬਾਇਓ-ਫ਼ਰਟੀਲਾਈਜ਼ਰ ਕੁਆਲਿਟੀ ਕੰਟਰੋਲ ਲੈਬਾਟਰੀ ਦਾ ਉਦਘਾਟਨ ਕੀਤਾ ਅਤੇ ਡੱਬਵਾਲੀ ਰੋਡ ਸਥਿਤ ਖੇਤੀ ਭਵਨ ਵਿਖੇ ਸੀਡ ਟੈਸਟਿੰਗ ਲੈਬ ਦਾ ਨੀਂਹ ਪੱਥਰ ਰੱਖਿਆ। ਇਸ ਨਾਲ ਸੂਬੇ ਵਿੱਚ ਖੇਤੀਬਾੜੀ ਸਬੰਧੀ ਵਸਤਾਂ ਦੀ ਗੁਣਵੱਤਾ ਕੰਟਰੋਲ ਨੂੰ ਯਕੀਨੀ ਬਣਾਉਣ ਅਤੇ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ‘ਚ ਮਦਦ ਮਿਲੇਗੀ. ਮੰਤਰੀ ਨੇ ਦੱਸਿਆ ਕਿ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਕਾਇਮ ਕੀਤੀ ਗਈ ਬਾਇਓ-ਫ਼ਰਟੀਲਾਈਜ਼ਰ ਲੈਬ ਦੀ ਸਾਲਾਨਾ ਜਾਂਚ ਸਮਰੱਥਾ ਘੱਟੋ-ਘੱਟ 1 ਹਜ਼ਾਰ ਸੈਂਪਲਾਂ ਦੀ ਏ। ਇਹ ਲੈਬ ਬਹੁਤ ਅਹਿਮ ਏ ਕਿਉਂਕਿ ਪੰਜਾਬ ਦੇ ਕਿਸਾਨ ਰਸਾਇਣਕ ਖਾਦਾਂ ਨੂੰ ਛੱਡ ਕੇ ਬਾਇਓ-

ਫ਼ਰਟੀਲਾਈਜ਼ਰ (ਜੈਵਿਕ ਖਾਦਾਂ) ਵੱਲ ਰੁਖ ਕਰ ਰਹੇ ਨੇ ਅਤੇ ਇਹ ਲੈਬ ਬਾਜ਼ਾਰ ਵਿੱਚ ਉਪਲਬਧ ਉਤਪਾਦਾਂ ਦੀ ਗੁਣਵੱਤਾ ਦਾ ਪਤਾ ਲਾਉਣ ਵਿੱਚ ਉਨ੍ਹਾਂ ਦੀ ਮਦਦ ਕਰੇਗੀ । ਉਨ੍ਹਾਂ ਇਹ ਵੀ ਕਿਹਾ ਕਿ 2 ਕਰੋੜ ਰੁਪਏ ਦੀ ਲਾਗਤ ਵਾਲੀ ਸੀਡ ਟੈਸਟਿੰਗ ਲੈਬ ਵਿਗਿਆਨਕ ਤਰੀਕੇ ਨਾਲ ਗੁਣਵੱਤਾ ਜਾਂਚ ਦੀ ਸਹੂਲਤ ਪ੍ਰਦਾਨ ਕਰੇਗੀ ਅਤੇ ਕਿਸਾਨਾਂ ਨੂੰ ਪ੍ਰਮਾਣਿਤ ਬੀਜ ਮਿਲਣਾ ਯਕੀਨੀ ਬਣਾਏਗੀ। ਬਾਇਓ-ਫ਼ਰਟੀਲਾਈਜ਼ਰ ਕੁਆਲਿਟੀ ਕੰਟਰੋਲ ਲੈਬ ਦੇ ਨਾਲ ਰਲ ਕੇ ਇਹ ਸੀਡ ਟੈਸਟਿੰਗ ਲੈਬ, ਖੇਤੀ ਸਮੱਗਰੀ ਲਈ ਸਖ਼ਤ ਮਿਆਰ ਲਾਗੂ ਕਰੇਗੀ ਅਤੇ ਨਕਲੀ ਜਾਂ ਗੈਰ-ਮਿਆਰੀ ਉਤਪਾਦਾਂ ਦੀ ਵਿਕਰੀ ‘ਤੇ ਰੋਕ ਲਾਏਗੀ। ਖੇਤੀਬਾੜੀ ਮੰਤਰੀ ਨੇ ਕਿਹਾ, “ਇਹ ਲੈਬਾਟਰੀਆਂ ਟੈਸਟਿੰਗ ਲਈ ਦੂਜੇ ਰਾਜਾਂ ਵਿੱਚ ਸੈਂਪਲ ਭੇਜਣ ਸਬੰਧੀ ਕਿਸਾਨਾਂ ਦੀ ਖੱਜਲ-ਖੁਆਰੀ ਨੂੰ ਖਤਮ ਕਰਨਗੀਆਂ। ਹੁਣ ਇਹ ਸਾਰੀ ਪ੍ਰਕਿਰਿਆ ਪੰਜਾਬ ਵਿੱਚ ਹੀ ਮੁਕੰਮਲ ਹੋਵੇਗੀ, ਜਿਸ ਨਾਲ ਸਮੇਂ ਅਤੇ ਪੈਸੇ ਦੋਵਾਂ ਦੀ ਬਚਤ ਹੋਵੇਗੀ।

---------------------------------------------------

ਜੰਮੂ - ਕਸ਼ਮੀਰ ਵਿਚ ਸਲਾਨਾ ਸ੍ਰੀ ਅਮਰਨਾਥ ਜੀ ਯਾਤਰਾ ਦੀਆਂ ਤਿਆਰੀਆਂ ਤੇਜ਼ ਹੋ ਗਈਆਂ ਨੇ. 3 ਜੁਲਾਈ ਤੋਂ ਸ਼ੁਰੂ ਹੋਣ ਵਾਲੀ ਯਾਤਰਾ ਤੋਂ ਪਹਿਲਾਂ ਸੁਰਖਿਆ ਬਲਾਂ ਵਲੋਂ ਗਸ਼ਤ ਅਤੇ ਤਲਾਸ਼ੀ ਮਹਿੰਮ ਚਲਾਈ ਜਾ ਰਹੀ ਏ . ਸਾਡੇ ਜੰਮੂ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ

ਪੁਲਿਸ ਨੇ ਕੇਂਦਰੀ ਸਨਅਤੀ ਸੁਰਖਿਆ ਬਲ, CISF ਅਤੇ ਸਰਹੱਦੀ ਸੁਰਖਿਆ ਬਲ BSF ਦੇ ਸਹਿਯੋਗ ਨਾਲ ਅਰਨੀਆ ਸਰਹੱਦੀ ਇਲਾਕੇ , ਰਥਾਨਾ , ਸ੍ਲੇਹਰ, ਚੱਕ, ਜਗਤੂ ਅਤੇ ਹੋਰ ਖੇਤਰਾਂ ਵਿਚ ਨਿਗਰਾਨੀ ਵਧਾ ਦਿੱਤੀ ਏ.

-----------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਨਿਖਿਲ ਗਰਗ, ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਜਗਰਾਉਂ, ਲੁਧਿਆਣਾ, ਨੂੰ ਪਟਿਆਲਾ ਸਥਿਤ ਉਸ ਦੀ ਰਿਹਾਇਸ਼ 'ਤੇ 1 ਲਖ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਇੱਕ ਸਹਿਕਾਰੀ ਸਭਾ ਦੇ ਮੈਨੇਜਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਸਵੇਰ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ

ਪ੍ਰੋਗਰਾਮ ਦਾ 135ਵਾਂ ਐਪੀਸੋਡ ਹੋਵੇਗਾ।

---------------------------------------------------------

ਮਰਦਾਂ ਦੀ FIH ਪ੍ਰੋ ਲੀਗ ਹਾਕੀ ਵਿੱਚ, ਭਾਰਤ ਨੇ ਬੀਤੀ ਰਾਤ ਪਾਕਿਸਤਾਨ ਨੂੰ 7-1 ਨਾਲ ਹਰਾ ਦਿੱਤਾ ਏ। ਕੱਲ੍ਹ ਭਾਰਤ ਦਾ ਮੁਕਾਬਲਾ ਇੰਗਲੈਂਡ ਨਾਲ ਹੋਵੇਗਾ।